**ਆਸਾ ਮਹਲਾ ੫ ਇਕਤੁਕੇ ੨ ॥ ਜੀਵਤ ਦੀਸੈ ਤਿਸੁ ਸਰਪਰ ਮਰਣਾ ॥ ਮੁਆ ਹੋਵੈ ਤਿਸੁ ਨਿਹਚਲੁ ਰਹਣਾ ॥੧॥ ਜੀਵਤ ਮੁਏ ਮੁਏ ਸੇ ਜੀਵੇ ॥ ਹਰਿ ਹਰਿ ਨਾਮੁ ਅਵਖਧੁ ਮੁਖਿ ਪਾਇਆ ਗੁਰ ਸਬਦੀ ਰਸੁ ਅੰਮ੍ਰਿਤੁ ਪੀਵੇ ॥੧॥ ਰਹਾਉ ॥ ਕਾਚੀ ਮਟੁਕੀ ਬਿਨਸਿ ਬਿਨਾਸਾ ॥ ਜਿਸੁ ਛੂਟੈ ਤ੍ਰਿਕੁਟੀ ਤਿਸੁ ਨਿਜ ਘਰਿ ਵਾਸਾ ॥੨॥ ਊਚਾ ਚੜੈ ਸੁ ਪਵੈ ਪਇਆਲਾ ॥ ਧਰਨਿ ਪੜੈ ਤਿਸੁ ਲਗੈ ਨ ਕਾਲਾ ॥ ੩॥ ਭ੍ਰਮਤ ਫਿਰੇ ਤਿਨ ਕਿਛੂ ਨ ਪਾਇਆ ॥ ਸੇ ਅਸਥਿਰ ਜਿਨ ਗੁਰ ਸਬਦੁ ਕਮਾਇਆ ॥੪॥ ਜੀਉ ਪਿੰਡੁ ਸਭੁ ਹਰਿ ਕਾ ਮਾਲੁ ॥ ਨਾਨਕ ਗੁਰ ਮਿਲਿ ਭਏ ਨਿਹਾਲ ॥੫॥੧੩॥** {ਪੰਨਾ 374}

ਨੋਟ:- ਇਕ ਤੁਕੇ 2—ਦੋ ਸ਼ਬਦ ਜਿਨ੍ਹਾਂ ਦੇ ਹਰੇਕ ਬੰਦ ਵਿਚ ਸਿਰਫ਼ ਇਕ ਇਕ ਤੁਕ ਹੈ।

ਪਦਅਰਥ:- ਜੀਵਤ—ਜੀਊਂਦਾ, ਰੱਜਿਆ-ਪੁੱਜਿਆ, ਮਾਇਆ ਦੇ ਮਦ ਵਿਚ ਮਸਤ। ਦੀਸੈ—ਦਿੱਸਦਾ ਹੈ। ਸਰਪਰ—ਜ਼ਰੂਰ। ਮਰਣਾ—ਆਤਮਕ ਮੌਤ। ਮੁਆ—(ਮਾਇਆ ਦੇ ਮਾਣ ਵਲੋਂ) ਅਛੋਹ। ਨਿਹਚਲੁ ਰਹਣਾ—ਅਟੱਲ ਆਤਮਕ ਜੀਵਨ।1।

ਅਵਖਧੁ—ਦਵਾਈ। ਮੁਖਿ—ਮੂੰਹ ਵਿਚ। ਰਸੁ ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ।1। ਰਹਾਉ।

ਮਟੁ—ਵੱਡਾ ਘੜਾ। ਮਟੁਕੀ—ਘੜੀ, ਛੋਟਾ ਘੜਾ। ਬਿਨਸਿ ਬਿਨਾਸਾ—ਜ਼ਰੂਰ ਨਾਸ ਹੋਣ ਵਾਲਾ। ਛੁਟੈ—ਮੁੱਕ ਜਾਏ। ਤ੍ਰਿਕੁਟੀ—{ਤ੍ਰਿ—ਤਿੰਨ। ਕੁਟੀ—ਵਿੰਗੀ ਲਕੀਰ} ਤਿੰਨ ਵਿੰਗੀਆਂ ਲਕੀਰਾਂ, ਤ੍ਰਿਊੜੀ। {ਨੋਟ:- ਲਫ਼ਜ਼ 'ਨਿਕਟਿ' ਤੋਂ ਪ੍ਰਾਕ੍ਰਿਤ ਲਫ਼ਜ਼ 'ਨਿਅੜਿ' ਤੇ ਪੰਜਾਬੀ ਲਫ਼ਜ਼ 'ਨੇੜੇ' ਹੈ। ਲਫ਼ਜ਼ 'ਕਟਕ' ਤੋਂ ਪੰਜਾਬੀ ਲਫ਼ਜ਼ 'ਕੜਾ' ਹੈ। 'ਕ' ਤੋਂ 'ਅ', ਅਤੇ 'ਕੁ' ਤੋਂ 'ਉ' ਬਣ ਗਿਆ ਹੈ। 'ਟ' ਤੋਂ 'ੜ' ਹੋ ਗਿਆ ਹੈ। ਇਸੇ ਤਰ੍ਹਾਂ 'ਤ੍ਰਿਕੁਟੀ' ਦਾ ਪੰਜਾਬੀ ਰੂਪ 'ਤ੍ਰਿਊੜੀ' ਹੈ। ਜਿਸ ਦੇ ਮੱਥੇ ਉਤੇ 'ਤ੍ਰਿਊੜੀ' ਹੈ ਉਸ ਦੇ ਅੰਦਰ 'ਖਿੱਝ' ਹੁੰਦੀ ਹੈ। ਸੋ, 'ਤ੍ਰਿਕੁਟੀ' ਦਾ ਅਰਥ ਹੈ 'ਅੰਦਰਲੀ ਖਿੱਝ'}। ਨਿਜ ਘਰਿ—ਆਪਣੇ ਅਸਲ ਘਰ ਵਿਚ, ਪ੍ਰਭੂ-ਚਰਨਾਂ ਵਿਚ।2।

ਪਇਆਲਾ—ਪਤਾਲ ਵਿਚ, ਆਤਮਕ ਮੌਤ ਦੇ ਟੋਏ ਵਿਚ। ਧਰਨਿ—ਧਰਤੀ। ਧਰਨਿ ਪੜੈ—ਜੋ ਨਿਮ੍ਰਤਾ ਧਾਰਦਾ ਹੈ। ਕਾਲਾ—ਕਾਲ, ਮੌਤ, ਆਤਮਕ ਮੌਤ।3।

ਕਿਛੁ ਨ—(ਆਤਮਕ ਜੀਵਨ ਦਾ) ਕੁਝ ਭੀ ਨ। ਅਸਥਿਰ—ਅਡੋਲ-ਚਿੱਤ।4।

ਜੀਉ—ਜਿੰਦ। ਪਿੰਡੁ—ਸਰੀਰ। ਗੁਰ ਮਿਲਿ—ਗੁਰੂ ਨੂੰ ਮਿਲ ਕੇ।5।

ਅਰਥ:- (ਹੇ ਭਾਈ!) ਜੇਹੜੇ ਮਨੁੱਖ ਮਾਇਆ ਦੇ ਮਨ ਵਿਚ ਮਸਤ ਰਹਿੰਦੇ ਹਨ ਉਹ ਆਤਮਕ ਮੌਤੇ ਮਰੇ ਰਹਿੰਦੇ ਹਨ। ਪਰ, ਜੇਹੜੇ ਮਨੁੱਖ ਮਾਇਆ ਦੇ ਮਾਣ ਵਲੋਂ ਅਛੋਹ ਹਨ ਉਹ ਆਤਮਕ ਜੀਵਨ ਵਾਲੇ ਹਨ। ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ-ਦਾਰੂ ਆਪਣੇ ਮੂੰਹ ਵਿਚ ਰੱਖਿਆ (ਆਤਮਕ ਮੌਤ ਵਾਲਾ ਰੋਗ ਉਹਨਾਂ ਦੇ ਅੰਦਰੋਂ ਦੂਰ ਹੋ ਗਿਆ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ।1। ਰਹਾਉ।

(ਹੇ ਭਾਈ!) ਜੇਹੜਾ ਮਨੁੱਖ (ਮਾਇਆ ਦੇ ਮਾਣ ਦੇ ਆਸਰੇ) ਜੀਊਂਦਾ ਦਿੱਸਦਾ ਹੈ ਉਸ ਨੂੰ ਜ਼ਰੂਰ ਆਤਮਕ ਮੌਤ ਹੜੱਪ ਕਰੀ ਰੱਖਦੀ ਹੈ; ਪਰ ਜੇਹੜਾ ਮਨੁੱਖ (ਮਾਇਆ ਦੇ ਮਾਣ ਵਲੋਂ) ਅਛੋਹ ਹੈ ਉਸ ਨੂੰ ਅਟੱਲ ਆਤਮਕ ਜੀਵਨ ਮਿਲਿਆ ਰਹਿੰਦਾ ਹੈ।1।

(ਹੇ ਭਾਈ! ਜਿਵੇਂ) ਕੱਚਾ ਘੜਾ ਜ਼ਰੂਰ ਨਾਸ ਹੋਣ ਵਾਲਾ ਹੈ (ਤਿਵੇਂ ਮਾਇਆ ਨਾਲੋਂ ਭੀ ਸਾਥ ਆਖ਼ਰ ਜ਼ਰੂਰ ਟੁੱਟਦਾ ਹੈ। ਮਾਇਆ ਦੇ ਮਾਣ ਤੇ ਦੂਜਿਆਂ ਨਾਲ ਖਿੱਝਣਾ ਮੂਰਖਤਾ ਹੈ) ਜਿਸ ਮਨੁੱਖ ਦੇ ਅੰਦਰੋਂ (ਮਾਇਆ ਦੇ ਮਾਣ ਦੇ ਕਾਰਨ ਪੈਦਾ ਹੋਈ) ਖਿੱਝ ਮੁੱਕੀ ਰਹਿੰਦੀ ਹੈ, ਉਸ ਦਾ ਨਿਵਾਸ (ਸਦਾ) ਪ੍ਰਭੂ-ਚਰਨਾਂ ਵਿਚ ਰਹਿੰਦਾ ਹੈ।2।

(ਹੇ ਭਾਈ! ਮਾਇਆ ਦੇ ਵਿਚ) ਜੇਹੜਾ ਮਨੁੱਖ ਸਿਰ ਉੱਚਾ ਕਰੀ ਰੱਖਦਾ ਹੈ (ਆਕੜਿਆ ਫਿਰਦਾ ਹੈ) ਉਹ

ਆਤਮਕ ਮੌਤ ਦੇ ਟੋਏ ਵਿਚ ਪਿਆ ਰਹਿੰਦਾ ਹੈ। ਪਰ, ਜੇਹੜਾ ਮਨੁੱਖ ਸਦਾ ਨਿਮ੍ਰਤਾ ਧਾਰਦਾ ਹੈ ਉਸ ਨੂੰ ਆਤਮਕ ਮੌਤ ਪੋਹ ਨਹੀਂ ਸਕਦੀ।3।

(ਹੇ ਭਾਈ!) ਜੇਹੜੇ ਮਨੁੱਖ (ਮਾਇਆ ਦੀ ਖ਼ਾਤਰ ਹੀ ਸਦਾ) ਭਟਕਦੇ ਫਿਰਦੇ ਹਨ (ਆਤਮਕ ਜੀਵਨ ਦੀ ਦਾਤਿ ਵਿਚੋਂ) ਉਹਨਾਂ ਨੂੰ ਕੁਝ ਭੀ ਨਹੀਂ ਮਿਲਦਾ। ਪਰ, ਜਿਨ੍ਹਾਂ ਨੇ ਗੁਰੂ ਦੇ ਸ਼ਬਦ ਨੂੰ (ਆਪਣੇ ਜੀਵਨ ਵਿਚ) ਵਰਤਿਆ ਹੈ ਉਹ (ਮਾਇਆ ਦੇ ਮੋਹ ਵਲੋਂ) ਅਡੋਲ-ਚਿੱਤ ਰਹਿੰਦੇ ਹਨ।4।

ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਇਹ ਜਿੰਦ ਤੇ ਸਰੀਰ ਸਭ ਕੁਝ ਪਰਮਾਤਮਾ ਦੀ ਦਿੱਤੀ ਦਾਤਿ ਸਮਝਿਆ ਹੈ ਉਹ ਗੁਰੂ ਨੂੰ ਮਿਲ ਕੇ ਸਦਾ ਖਿੜੇ-ਮੱਥੇ ਰਹਿੰਦੇ ਹਨ (ਉਹਨਾਂ ਦੀ ਤ੍ਰਿਕੁਟੀ ਮੁੱਕ ਜਾਂਦੀ ਹੈ)।5।13।